ਪੰਜਾਬੀ ਵਿਭਾਗ ਵੱਲੋਂ ਮਿਤੀ 1 ਨਵੰਬਰ 2021 ਤੋਂ 30 ਨਵੰਬਰ 2021 ਤੱਕ ਪੰਜਾਬੀ ਮਾਤ-ਬੋਲੀ ਨੂੰ ਸਮਰਪਿਤ ਸਮਾਗਮ ਕਰਵਾਏ ਗਏ। ਇਹ ਸਮਾਗਮ ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪ੍ਰਿੰਸੀਪਲ ਡਾ. ਸੁਰਜੀਤ ਸਿੰਘ ਦੀ ਸੁਯੋਗ ਅਗਵਾਈ ਵਿੱਚ ਕਰਵਾਏ ਗਏ।



ਸਰਕਾਰੀ ਰਾਜਿੰਦਰ ਕਾਲਜ ਵਿਖੇ ਪੰਜਾਬੀ ਭਾਸ਼ਾ ਦੇ ਸਬੰਧੀ ਸਮਾਗਮ ਕਰਵਾਏ ਜਾਣ ਦੀ ਤਸਵੀਰ। ਤਸਵੀਰ : ਤਰਸੇਮ

## ਸਰਕਾਰੀ ਰਾਜਿੰਦਰਾ ਕਾਲਜ ਵਿਖੇ ਪੰਜਾਬੀ ਭਾਸ਼ਾ ਦੇ ਇਤਿਹਾਸ ਬਾਰੇ ਵਿਸ਼ੇਸ਼ ਸਮਾਗਮ ਕਰਵਾਇਆ

ਬਠਿੰਡਾ, 19 ਨਵੰਬਰ (ਵੀਰਪਾਲ ਸਿੰਘ)-ਪੰਜਾਬ ਸਰਕਾਰ ਵਲੋਂ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਜਾਰੀ ਕੀਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਰਾਜਿੰਦਰਾ ਕਾਲਜ ਵਿਖੇ ਪੰਜਾਬੀ ਭਾਸ਼ਾ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਪ੍ਰੋ: ਜਸਵੀਰ ਸਿੰਘ ਸਿੱਧੂ ਮੁੱਖ ਮਹਿਮਾਨ ਤੌਰ 'ਤੇ ਹਾਜ਼ਰ ਹੋਏ। ਕਾਲਜ ਦੇ ਪ੍ਰਿੰਸੀਪਲ ਵਲੋਂ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਪ੍ਰਿੰਸੀਪਲ ਵਲੋਂ ਪੰਜਾਬੀ ਭਾਸ਼ਾ ਦੇ ਇਤਿਹਾਸ ਅਤੇ ਮਹੱਤਤ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਡਾ: ਮਨੋਨੀਤ ਵਲੋਂ ਮਾਂ ਬੋਲੀ ਸੰਗੀਤ ਨਾਲ ਸੁਮੇਲ ਕਰਦਿਆਂ ਗ਼ਜ਼ਲ ਰਾਹੀਂ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਦੇ ਨਾਲ ਇਸ ਮੌਕੇ 'ਤੇ ਪ੍ਰੋ: ਜਗਜੀਵਨ ਕੌਰ ਵਲੋਂ ਆਪਣੀ ਮੌਲਿਕ ਕਵਿਤਾ ਰਾਹੀਂ ਆਪਣੇ ਵਿਚਾਰ ਰੱਖੇ ਗਏ। ਇਸ ਸਮਾਗਮ ਵਿਚ ਵਿਦਿਆਰਥੀ ਨੇ ਆਪਣੀਆਂ ਰਚਨਾਵਾਂ, ਮਿਨੀ ਕਹਾਣੀਆਂ, ਕਵਿਤਾ, ਗੀਤ, ਗ਼ਜ਼ਲਾਂ, ਨਜ਼ਮਾਂ ਰਾਹੀਂ ਸਾਰਥਕ ਹੁੰਗਾਰਾ ਭਰਿਆ ਗਿਆ, ਮੰਚ ਸੰਚਾਲਕ ਦੀ ਭੂਮਿਕਾ ਪ੍ਰੋ: ਹਰਜੀਤ ਕੌਰ ਵਲੋਂ ਨਿਭਾਈ ਗਈ ਅਤੇ ਪਹੁੰਚੇ ਹੋਏ ਮੁੱਖ ਮਹਿਮਾਨ ਨੂੰ ਜੀ ਆਇਆ ਕਿਹਾ ਗਿਆ। ਇਸ ਮੌਕੇ ਹਾਜ਼ਰੀਨ ਵਿਚ ਡਾ: ਦਿਲਰਾਜ, ਡਾ: ਬਲਜਿੰਦਰ ਕੌਰ, ਡਾ: ਗੁਰਜੀਤ ਸਿੰਘ, ਪ੍ਰੋ: ਗੁਰਜੀਤ ਕੌਰ, ਪ੍ਰੋ: ਗੁਰਪ੍ਰੀਤ ਕੌਰ ਅਤੇ ਪ੍ਰੋ: ਰੀਤੂ ਅਗਰਵਾਲ ਆਦਿ ਸ਼ਾਮਿਲ ਸਨ।

ਸਮਾਗਮ ਵਿੱਚ ਸ਼ਿਰਕਤ ਕਰਦੇ ਹੋਏ ਮੁੱਖ ਮਹਿਮਾਨ ਪ੍ਰੋ. ਜਸਵੀਰ ਸਿੰਘ ਸਿੱਧੂ। ਇਸ ਦੀ ਵੀਡੀਓ https://youtu.be/-boemOZ14myM. ਤੇ ਦੇਖੀ ਜਾ ਸਕਦੀ ਹੈ